# Government Officials Delaying Public Services to Face Penalty up to Rs.5000: V.K. Janjua

### Chief Commissioner Punjab Transparency and Accountability Commission holds Key Meeting with ADCs to Ensure Timely Delivery of Public Services

### ADCs to display boards at all Sewa Kendras, showcasing list of notified services available

Chandigarh, January 28:

A significant meeting was held by the Chief Commissioner of Punjab Transparency and Accountability Commission Mr. V.K. Janjua, with all Additional Deputy Commissioners (General) (ADCs) of Punjab to discuss the timely delivery of services under the Punjab Transparency and Accountability Act. Dr. Nayan Jassal, Secretary of PBTRAC, was also present at the meeting.

Mr. Janjua highlighted the critical role of the ADCs as Appellate Authorities under the Act. He explained that citizens have the right to file appeals with the ADCs, who can also take suo-motu notice against any designated official who is found to be delaying or refusing services. He further emphasized that ADCs have the authority to impose penalties of up to Rs. 5000 on officials responsible for delaying services to the public.

During the meeting, A PowerPoint presentation was shared, outlining how ADCs play a vital role in ensuring the efficient delivery of government services at the district level. Mr. Janjua instructed all ADCs to provide monthly reports to the Commission regarding the pendency of all notified services in their respective districts. Additionally, the ADCs were asked to submit monthly reports detailing the actions taken by their office against officials who have failed to comply with service timelines.

To ensure greater public awareness, Mr. Janjua also directed the ADCs to display boards at all Sewa Kendras, showcasing the list of notified services available, along with details of the designated officials and appellate officers for each service.

This comprehensive approach aims to enhance transparency, accountability, and responsiveness in the delivery of public services across Punjab, reinforcing the government's commitment to efficient governance.

----------

ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ

ਜਨਤਕ ਸੇਵਾਵਾਂ ਵਿੱਚ ਦੇਰੀ ਕਰਨ ਵਾਲੇ ਸਰਕਾਰੀ ਮੁਲਾਜ਼ਮਾਂ ਨੂੰ 5000 ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾਵੇਗਾ: ਵੀ.ਕੇ. ਜੰਜੂਆ

ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਮੁੱਖ ਕਮਿਸ਼ਨਰ ਵੱਲੋਂ ਜਨਤਕ ਸੇਵਾਵਾਂ ਦੀ ਸਮੇਂ ਸਿਰ ਸਪੁਰਦਗੀ ਨੂੰ ਯਕੀਨੀ ਬਣਾਉਣ ਲਈ ਏ.ਡੀ.ਸੀਜ਼. ਨਾਲ ਅਹਿਮ ਮੀਟਿੰਗ

ਏ.ਡੀ.ਸੀਜ਼ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਪੈਂਦੇ ਸਾਰੇ ਸੇਵਾ ਕੇਂਦਰਾਂ 'ਤੇ ਬੋਰਡ ਲਗਵਾਉਣਗੇ, ਜਿਨ੍ਹਾਂ 'ਤੇ ਨੋਟੀਫਾਈਡ ਸੇਵਾਵਾਂ ਦੀ ਸੂਚੀ ਹੋਵੇਗੀ ਉਪਲੱਬਧ

ਚੰਡੀਗੜ੍ਹ, 28 ਜਨਵਰੀ:

ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਮੁੱਖ ਕਮਿਸ਼ਨਰ ਸ੍ਰੀ ਵੀ.ਕੇ. ਜੰਜੂਆ ਵੱਲੋਂ ਪੰਜਾਬ ਦੇ ਸਾਰੇ ਵਧੀਕ ਡਿਪਟੀ ਕਮਿਸ਼ਨਰਾਂ (ਜਨਰਲ) (ਏ.ਡੀ.ਸੀਜ਼.) ਨਾਲ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਐਕਟ ਅਧੀਨ ਸਮੇਂ ਸਿਰ ਸੇਵਾਵਾਂ ਮੁਹੱਈਆ ਕਰਵਾਉਣ ਸਬੰਧੀ ਵਿਚਾਰ-ਵਟਾਂਦਰਾ ਕਰਨ ਵਾਸਤੇ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਪੀ.ਬੀ.ਟੀ.ਆਰ.ਏ.ਸੀ. ਦੇ ਸਕੱਤਰ ਡਾ. ਨਯਨ ਜੱਸਲ ਵੀ ਮੌਜੂਦ ਸਨ।

ਸ੍ਰੀ ਜੰਜੂਆ ਨੇ ਐਕਟ ਅਧੀਨ ਅਪੀਲੀ ਅਥਾਰਟੀਆਂ ਵਜੋਂ ਵਧੀਕ ਡਿਪਟੀ ਕਮਿਸ਼ਨਰ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਪਾਇਆ। ਉਨ੍ਹਾਂ ਦੱਸਿਆ ਕਿ ਨਾਗਰਿਕਾਂ ਨੂੰ ਵਧੀਕ ਡਿਪਟੀ ਕਮਿਸ਼ਨਰ ਕੋਲ ਅਪੀਲ ਦਾਇਰ ਕਰਨ ਦਾ ਪੂਰਾ ਅਧਿਕਾਰ ਹੈ, ਜੋ ਕਿਸੇ ਵੀ ਨਾਮਜ਼ਦ ਅਧਿਕਾਰੀ, ਜੋ ਸੇਵਾਵਾਂ ਵਿੱਚ ਦੇਰੀ ਕਰਦਾ ਜਾਂ ਇਨਕਾਰ ਕਰਦਾ ਪਾਇਆ ਜਾਂਦਾ, ਵਿਰੁੱਧ ਖੁਦ ਨੋਟਿਸ ਵੀ ਲੈ ਸਕਦੇ ਹਨ । ਉਨ੍ਹਾਂ ਅੱਗੇ ਜ਼ੋਰ ਦਿੱਤਾ ਕਿ ਵਧੀਕ ਡਿਪਟੀ ਕਮਿਸ਼ਨਰ ਕੋਲ ਜਨਤਾ ਨੂੰ ਸੇਵਾਵਾਂ ਵਿੱਚ ਦੇਰੀ ਕਰਨ ਲਈ ਜ਼ਿੰਮੇਵਾਰ ਅਧਿਕਾਰੀਆਂ 'ਤੇ 5000 ਰੁਪਏ ਤੱਕ ਦਾ ਜੁਰਮਾਨਾ ਲਗਾਉਣ ਦਾ ਅਧਿਕਾਰ ਵੀ ਹੈ।

ਇਸ ਮੀਟਿੰਗ ਦੌਰਾਨ ਇੱਕ ਪਾਵਰਪੁਆਇੰਟ ਪੇਸ਼ਕਾਰੀ ਸਾਂਝੀ ਕੀਤੀ ਗਈ, ਜਿਸ ਵਿੱਚ ਦੱਸਿਆ ਗਿਆ ਕਿ ਕਿਵੇਂ ਵਧੀਕ ਡਿਪਟੀ ਕਮਿਸ਼ਨਰ ਜ਼ਿਲ੍ਹਾ ਪੱਧਰ 'ਤੇ ਸਰਕਾਰੀ ਸੇਵਾਵਾਂ ਦੀ ਸੁਚਾਰੂ ਪਹੁੰਚ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸ੍ਰੀ ਜੰਜੂਆ ਨੇ ਸਾਰੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਸਾਰੀਆਂ ਨੋਟੀਫਾਈਡ ਸੇਵਾਵਾਂ ਦੇ ਲੰਬਿਤ ਮਾਮਲਿਆਂ ਬਾਰੇ ਕਮਿਸ਼ਨ ਨੂੰ ਮਹੀਨਾਵਾਰ ਰਿਪੋਰਟਾਂ ਦੇਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਨੂੰ ਉਨ੍ਹਾਂ ਦੇ ਦਫ਼ਤਰ ਵੱਲੋਂ ਸੇਵਾਵਾਂ ਮੁਹੱਈਆ ਕਰਵਾਉਣ ਸਬੰਧੀ ਸਮਾਂ-ਸੀਮਾਵਾਂ ਦੀ ਪਾਲਣਾ ਕਰਨ ਵਿੱਚ ਅਸਫ਼ਲ ਰਹਿਣ ਵਾਲੇ ਅਧਿਕਾਰੀਆਂ ਵਿਰੁੱਧ ਕੀਤੀ ਗਈ ਕਾਰਵਾਈ ਦਾ ਵੇਰਵਾ ਦੇਣ ਵਾਲੀਆਂ ਮਹੀਨਾਵਾਰ ਰਿਪੋਰਟਾਂ ਦੇਣ ਲਈ ਵੀ ਕਿਹਾ ਗਿਆ।

ਨਾਗਰਿਕਾਂ ਨੂੰ ਵੱਡੇ ਪੱਧਰ 'ਤੇ ਜਾਗਰੂਕ ਕਰਨਾ ਯਕੀਨੀ ਬਣਾਉਣ ਲਈ ਸ੍ਰੀ ਜੰਜੂਆ ਨੇ ਵਧੀਕ ਡਿਪਟੀ

**ਕਮਿਸ਼ਨਰਾਂ ਨੂੰ ਸਾਰੇ ਸੇਵਾ ਕੇਂਦਰਾਂ 'ਤੇ ਬੋਰਡ ਲਗਾਉਣ ਦੇ ਨਿਰਦੇਸ਼ ਵੀ ਦਿੱਤੇ, ਜਿਸ ਵਿੱਚ ਸਾਰੀਆਂ ਨੋਟੀਫਾਈਡ ਸੇਵਾਵਾਂ ਦੀ ਸੂਚੀ ਉਪਲੱਬਧ ਕਰਵਾਉਣ ਦੇ ਨਾਲ-ਨਾਲ ਹਰੇਕ ਸੇਵਾ ਲਈ ਨਾਮਜ਼ਦ ਮੁਲਾਜ਼ਮਾਂ ਅਤੇ ਅਪੀਲੀ ਅਧਿਕਾਰੀਆਂ ਦੇ ਵੇਰਵਿਆਂ ਦੀ ਜਾਣਕਾਰੀ ਦਿੱਤੀ ਗਈ ਹੋਵੇ।**

**ਇਸ ਵਿਆਪਕ ਪਹੁੰਚ ਦਾ ਉਦੇਸ਼ ਪੰਜਾਬ ਭਰ ਵਿੱਚ ਸੁਚਾਰੂ ਢੰਗ ਨਾਲ ਜਨਤਕ ਸੇਵਾਵਾਂ ਮੁਹੱਈਆ ਕਰਵਾਉਣ ਲਈ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਵਧਾਉਣਾ ਹੈ, ਜੋ ਕਿ ਪ੍ਰਭਾਵਸ਼ਾਲੀ ਪ੍ਰਸ਼ਾਸਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ।**

-----------

सूचना एवं लोक संपर्क विभाग, पंजाब

**सार्वजनिक सेवाओं में देरी करने वाले सरकारी कर्मचारियों पर लगेगा 5000 रुपये तक का जुर्माना: वी.के. जंजूआ**

**सार्वजनिक सेवाओं की समयबद्ध डिलीवरी सुनिश्चित करने के लिए पंजाब पारदर्शिता और जवाबदेही आयोग के मुख्य आयुक्त द्वारा ए.डी.सीज़ के साथ महत्वपूर्ण बैठक**

**सभी सेवा केंद्रों पर अधिसूचित सेवाओं की सूची वाले बोर्ड लगाने की जिम्मेदारी ए.डी.सीज़ की होगी जिन पर अधिसूचित सेवाओं की सूची होगी उपलब्ध**

**चंडीगढ़, 28 जनवरी:**

पंजाब पारदर्शिता और जवाबदेही आयोग के मुख्य आयुक्त श्री वी.के. जंजूआ ने पंजाब के सभी अतिरिक्त उपायुक्तों (जनरल) के साथ एक महत्वपूर्ण बैठक की। इस बैठक का उद्देश्य पंजाब पारदर्शिता और जवाबदेही अधिनियम के तहत नागरिकों को समयबद्ध सेवाएं प्रदान करना सुनिश्चित करना था। इस अवसर पर आयोग के सचिव डॉ. नयन जस्सल भी उपस्थित थे।

श्री जंजूआ ने अधिनियम के तहत अपील प्राधिकरण के रूप में अतिरिक्त उपायुक्तों की महत्वपूर्ण भूमिका पर प्रकाश डाला। उन्होंने बताया कि नागरिकों को यह अधिकार है कि वे उन अधिकारियों के खिलाफ अपील दायर कर सकते हैं, जो सेवाओं में देरी करते हैं या उन्हें अस्वीकार करते हैं। अतिरिक्त उपायुक्त इन मामलों का स्वतः संज्ञान भी ले सकते हैं। उन्होंने यह भी कहा कि नागरिकों को सेवाएं देने में देरी के लिए जिम्मेदार अधिकारियों पर अतिरिक्त उपायुक्त 5000 रुपये तक का जुर्माना लगा सकते हैं।

बैठक के दौरान एक पावरपॉइंट प्रस्तुति दी गई, जिसमें यह बताया गया कि अतिरिक्त उपायुक्त जिला स्तर पर सरकारी सेवाओं की सुचारू पहुंच सुनिश्चित करने में कैसे महत्वपूर्ण भूमिका निभाते हैं। श्री जंजूआ ने सभी अतिरिक्त उपायुक्तों को निर्देश दिया कि वे अपने जिलों में लंबित मामलों की मासिक रिपोर्ट आयोग को प्रस्तुत करें। इसके साथ ही, जो अधिकारी सेवाएं समय पर प्रदान करने में विफल रहे हैं, उनके खिलाफ की गई कार्रवाई का विवरण भी रिपोर्ट में शामिल करने को कहा गया।

नागरिकों को जागरूक करने के लिए श्री जंजूआ ने ए.डी.सीज़ को निर्देश दिया कि सभी सेवा केंद्रों पर बोर्ड लगाए जाएं, जिन पर सभी अधिसूचित सेवाओं की सूची हो। साथ ही, प्रत्येक सेवा के लिए जिम्मेदार अधिकारी और अपील प्राधिकरण के विवरण भी प्रदर्शित किए जाएं।

इस व्यापक प्रयास का उद्देश्य पंजाब भर में सार्वजनिक सेवाओं की पारदर्शिता और जवाबदेही को बढ़ाना है। यह पहल सरकार की प्रभावी प्रशासन और नागरिक कल्याण के प्रति प्रतिबद्धता को और मजबूत करती है।

------------